**ਰਾਗੁ ਗਉੜੀ ਚੇਤੀ  ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਸੁਖੁ ਨਾਹੀ ਰੇ ਹਰਿ ਭਗਤਿ ਬਿਨਾ ॥ ਜੀਤਿ ਜਨਮੁ ਇਹੁ ਰਤਨੁ ਅਮੋਲਕੁ ਸਾਧਸੰਗਤਿ ਜਪਿ ਇਕ ਖਿਨਾ ॥੧ ॥ ਰਹਾਉ ॥ ਸੁਤ ਸੰਪਤਿ ਬਨਿਤਾ ਬਿਨੋਦ ॥ ਛੋਡਿ ਗਏ ਬਹੁ ਲੋਗ ਭੋਗ ॥੧ ॥ ਹੈਵਰ ਗੈਵਰ ਰਾਜ ਰੰਗ ॥ ਤਿਆਗਿ ਚਲਿਓ ਹੈ ਮੂੜ ਨੰਗ ॥੨ ॥ ਚੋਆ ਚੰਦਨ ਦੇਹ ਫੂਲਿਆ ॥ ਸੋ ਤਨੁ ਧਰ ਸੰਗਿ ਰੂਲਿਆ ॥੩॥ ਮੋਹਿ ਮੋਹਿਆ ਜਾਨੈ ਦੂਰਿ ਹੈ ॥ ਕਹੁ ਨਾਨਕ ਸਦਾ ਹਦੂਰਿ ਹੈ ॥੪॥੧॥੧੩੯॥**

**{ਪੰਨਾ 210}**

ਪਦਅਰਥ:- ਰੇ—ਹੇ ਭਾਈ! ਜੀਤਿ—ਜਿੱਤ ਲੈ। ਅਮੋਲਕੁ—ਜਿਸ ਦਾ ਮੁੱਲ ਨਾਹ ਪਾਇਆ ਜਾ ਸਕੇ।1। ਰਹਾਉ।

ਸੁਤ—ਪੁੱਤਰ। ਸੰਪਤਿ—ਧਨ-ਪਦਾਰਥ। ਬਿਨੋਦ—ਲਾਡ-ਪਿਆਰ। ਬਨਿਤਾ—ਇਸਤ੍ਰੀ।1।

ਹੈਵਰ—{hX-vr} ਵਧੀਆ ਘੋੜੇ। ਗੈਵਰ {gj-vr} ਵਧੀਆ ਹਾਥੀ। ਮੂੜ—ਮੂਰਖ।2।

ਚੋਆ—ਅਤਰ। ਦੇਹ—ਸਰੀਰ। ਫੂਲਿਆ—ਹੰਕਾਰੀ ਹੋਇਆ। ਧਰ ਸੰਗਿ—ਧਰਤੀ ਨਾਲ।3।

ਮੋਹਿ—ਮੋਹ ਵਿਚ। ਹਦੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ।4।

ਅਰਥ:- (ਹੇ ਭਾਈ!) ਪਰਮਾਤਮਾ ਦੀ ਭਗਤੀ ਤੋਂ ਬਿਨਾ (ਹੋਰ ਕਿਸੇ ਤਰੀਕੇ ਨਾਲ) ਸੁਖ ਨਹੀਂ ਮਿਲ ਸਕਦਾ। (ਇਸ ਵਾਸਤੇ) ਸਾਧ ਸੰਗਤਿ ਵਿਚ ਮਿਲ ਕੇ ਪਲ ਪਲ ਪਰਮਾਤਮਾ ਦਾ ਨਾਮ ਜਪ ਤੇ ਇਹ ਮਨੁੱਖਾ ਜਨਮ (ਦੀ ਬਾਜ਼ੀ) ਜਿੱਤ ਲੈ। ਇਹ (ਮਨੁੱਖਾ ਜਨਮ) ਇਕ ਐਸਾ ਰਤਨ ਹੈ ਜਿਸ ਦੀ ਕੀਮਤ ਨਹੀਂ ਪਾਈ ਜਾ ਸਕਦੀ (ਜੋ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ)।1। ਰਹਾਉ।

(ਹੇ ਭਾਈ!) ਪੁੱਤਰ, ਧਨ, ਪਦਾਰਥ, ਇਸਤ੍ਰੀ ਦੇ ਲਾਡ-ਪਿਆਰ—ਅਨੇਕਾਂ ਲੋਕ ਇਹੋ ਜਿਹੇ ਮੌਜ-ਮੇਲੇ ਛੱਡ ਕੇ (ਇਥੋਂ) ਚਲੇ ਗਏ (ਤੇ ਚਲੇ ਜਾਣਗੇ)।1।

(ਹੇ ਭਾਈ!) ਵਧੀਆ ਘੋੜੇ, ਵਧੀਆ ਹਾਥੀ ਤੇ ਹਕੂਮਤ ਦੀਆਂ ਮੌਜਾਂ—ਮੂਰਖ ਮਨੁੱਖ ਇਹਨਾਂ ਨੂੰ ਛੱਡ ਕੇ (ਆਖ਼ਿਰ) ਨੰਗਾ ਹੀ (ਇਥੋਂ) ਤੁਰ ਪੈਂਦਾ ਹੈ।2।

(ਹੇ ਭਾਈ! ਮਨੁੱਖ ਆਪਣੇ) ਸਰੀਰ ਨੂੰ ਅਤਰ ਤੇ ਚੰਦਨ (ਆਦਿਕ ਲਾ ਕੇ) ਮਾਣ ਕਰਦਾ ਹੈ (ਪਰ ਇਹ ਨਹੀਂ ਸਮਝਦਾ ਕਿ) ਉਹ ਸਰੀਰ (ਆਖ਼ਿਰ) ਮਿੱਟੀ ਵਿਚ ਰੁਲ ਜਾਂਦਾ ਹੈ।3।

(ਹੇ ਭਾਈ! ਮਾਇਆ ਦੇ) ਮੋਹ ਵਿਚ ਫਸਿਆ ਮਨੁੱਖ ਸਮਝਦਾ ਹੈ (ਕਿ ਪਰਮਾਤਮਾ ਕਿਤੇ) ਦੂਰ

ਵੱਸਦਾ ਹੈ। (ਪਰ) ਹੇ ਨਾਨਕ! ਆਖ—ਪਰਮਾਤਮਾ ਸਦਾ (ਹਰੇਕ ਜੀਵ ਦੇ ਅੰਗ ਸੰਗ ਵੱਸਦਾ ਹੈ।4।1। 139।